# ਪੰਜਾਬੀ ਯੂਨੀਵਰਸਿਟੀ, ਪਟਿਆਲਾ

(1961 ਦੇ ਪੰਜਾਬ ਐਕਟ ਨੰ: 35 ਤਹਿਤ ਸਥਾਪਤ)

**ਕੰਟਰੋਲਰ (ਪ੍ਰੀਖਿਆਵਾਂ) ਦਫ਼ਤਰ**

ਨੰ.1406/ਸੀ.ਓ.ਈ.
ਮਿਤੀ 22/03/2021

## ਜ਼ਰੂਰੀ ਸੂਚਨਾ

## ਸੈਸ਼ਨ ਦਸੰਬਰ, 2020 ਦੀਆਂ ਪ੍ਰੀਖਿਆਵਾਂ ਜੋ 31 ਮਾਰਚ, 2021 ਸ਼ੁਰੂ ਕਰਵਾਈਆਂ ਜਾ ਰਹੀਆਂ ਹਨ, ਵਿਦਿਆਰਥੀਆਂ ਵਾਸਤੇ ਹਦਾਇਤਾਂ

ਕੋਵਿਡ-19 ਮਹਾਂਮਰੀ ਦੀ ਮੌਜੂਦਾ ਸਥਿਤੀ ਦੇ ਮੱਦੇ-ਨਜ਼ਰ ਪੋਸਟ-ਗਰੈਜੂਏਟ ਕੋਰਸਾਂ ਦੀਆਂ ਪ੍ਰੀਖਿਆਵਾਂ **ਬੀ.ਐਡ./ਐਮ.ਐਡ./ਐਲ.ਐਲ.ਬੀ./ਬੀ.ਏ.ਐਲ.ਐਲ.ਬੀ./ਬੀ.ਕਾਮ.ਐਲ.ਐਲ.ਬੀ./ਐਮ.ਕਾਮ./ਐਮ.ਏ./ਬੀ.ਏ./ਐਮ.ਏ./ਐਮ.ਐੱਸ.ਸੀ./ਬੀ.ਲਿਬ./ਐਮ.ਲਿਬ./ਪੰਜ ਸਾਲਾਂ ਕੋਰਸਾਂ ਦੇ ਸੱਤਵੇਂ ਸਮੈਸਟਰ ਦੀਆਂ ਪ੍ਰੀਖਿਆਵਾਂ ਅਤੇ ਪੋਸਟ-ਗਰੈਜੂਏਟ ਡਿਪਲੋਮਾ ਕੋਰਸ ਆਦਿ** ਅਕਾਦਮਿਕ ਸੈਸ਼ਨ 2020-2021 ਦਸੰਬਰ, 2020 ਦੀਆਂ ਪ੍ਰੀਖਿਆਵਾਂ ਜੋ 31 ਮਾਰਚ, 2021 ਤੋਂ ਸ਼ੁਰੂ ਹੋ ਰਹੀਆਂ ਹਨ, ਲਈ ਹੇਠ ਲਿਖੀਆਂ ਹਦਾਇਤਾਂ ਹਨ। ਇਹ ਪ੍ਰੀਖਿਆਵਾਂ ਦਸੰਬਰ, 2020 ਪ੍ਰੀਖਿਆਵਾਂ ਵਾਂਗ **(ਆਨ-ਲਾਈਨ/ਆਫ-ਲਾਈਨ) Blended Mode** ਰਾਹੀਂ ਹੀ ਕਰਵਾਈਆਂ ਜਾ ਰਹੀਆਂ ਹਨ।

1) ਪ੍ਰੀਖਿਆ ਵਾਲੇ ਦਿਨ ਡੇਟ-ਸ਼ੀਟ ਅਨੁਸਾਰ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਵਿਭਾਗਾਂ/ਕਾਲਜਾਂ ਦੁਆਰਾ ਪ੍ਰਸ਼ਨ-ਪੱਤਰ ਈਮੇਲ ਰਾਹੀਂ ਜਾਂ ਹੋਰ ਸਾਧਨਾਂ ਜਿਵੇਂ ਵਟਸਐਪ ਜਾਂ ਵਿਭਾਗਾਂ/ਕਾਲਜਾਂ ਦੀ ਵੈਬਸਾਈਟ ਤੇ ਉਪਲਬੱਧ ਕਰਵਾ ਕੇ ਭੇਜੇ ਜਾਣਗੇ। ਇਸ ਲਈ ਵਿਭਾਗਾਂ/ਕਾਲਜਾਂ ਦੇ ਰੈਗੂਲਰ/ਡਿਸਟੈਂਸ ਐਜੂਕੇਸ਼ਨ ਵਿਦਿਆਰਥੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਵਿਭਾਗ/ਕਾਲਜ ਨਾਲ ਨਿਰੰਤਰ ਸੰਪਰਕ ਵਿੱਚ ਰਹਿਣ ਅਤੇ ਉਨਾਂ ਵੱਲੋਂ ਦਿੱਤੀਆਂ ਹਦਾਇਤਾਂ ਦੀ ਪਾਲਣਾ ਕਰਨ।
2) ਪ੍ਰਾਈਵੇਟ ਵਿਦਿਆਰਥੀ ਆਪਣੇ ਪ੍ਰਸ਼ਨ-ਪੱਤਰ ਉਨ੍ਹਾਂ ਦੇ ਐਡਮਿਟ ਕਾਰਡ ਤੇ ਦਰਸਾਏ ਲਿੰਕ ਤੋਂ ਡਾਊਨਲੋਡ ਕਰਨਗੇ।
3) ਪੇਪਰ ਹੱਲ ਕਰਨ ਲਈ 02.30 ਘੰਟੇ ਦਾ ਸਮਾਂ ਹੋਵੇਗਾ। ਇਸ ਤੋਂ ਇਲਾਵਾ ਉਮੀਦਵਾਰ ਨੂੰ ਪ੍ਰਸ਼ਨ-ਪੱਤਰ ਡਾਊਨਲੋਡ, ਉੱਤਰ-ਸ਼ੀਟ ਸਕੈਨ ਕਰਕੇ ਈਮੇਲ ਰਾਹੀਂ ਭੇਜਣ ਲਈ 01.30 ਘੰਟਾ ਹੋਰ ਦਿੱਤਾ ਜਾਵੇਗਾ। ਇਸ ਤਰ੍ਹਾਂ ਸਾਰੀ ਪ੍ਰਕਿਰਿਆ ਲਈ ਕੁਲ 04 ਘੰਟੇ ਦਾ ਸਮਾਂ ਉਮੀਦਵਾਰ ਨੂੰ ਦਿੱਤਾ ਜਾਂਦਾ ਹੈ। ਨੇਤਰਹੀਣ/ਅੰਗਹੀਣ ਵਿਦਿਆਰਥੀਆਂ ਨੂੰ ਪੇਪਰ ਹੱਲ ਕਰਨ ਲਈ ਨਿਯਮਤ ਸਮੇਂ ਨਾਲੋ 40 ਮਿੰਟ ਵਾਧੂ ਸਮਾਂ ਦਿੱਤਾ ਜਾਵੇਗਾ। ਨੇਤਰਹੀਣ/ਅੰਗਹੀਣ ਵਿਦਿਆਰਥੀ ਲਿਖਾਰੀ ਦਾ ਪ੍ਰਬੰਧ ਆਪ ਕਰੇਗਾ। ਕਿਸੇ ਵੀ ਕੋਰਸ ਵਿਚ ਜੇਕਰ ਕਿਸੇ ਪੇਪਰ ਦਾ ਸਮਾਂ 2 ਘੰਟੇ ਤੋਂ ਘੱਟ ਨਿਸ਼ਚਿਤ ਹੈ ਤਾਂ ਉਹ ਵਿਦਿਆਰਥੀ ਆਪਣਾ ਪੇਪਰ ਪਹਿਲਾਂ ਵਾਲੇ ਨਿਰਧਾਰਤ ਸਮੇਂ ਵਿਚ ਹੀ ਹੱਲ ਕਰਨਗੇ।
4) ਪ੍ਰੀਖਿਆ ਸ਼ੁਰੂ ਹੋਣ ਤੋਂ ਪਹਿਲਾਂ ਵਿਭਾਗ/ਕਾਲਜ ਆਪਣੇ ਪੱਧਰ ਤੇ ਪ੍ਰਸ਼ਨ-ਪੱਤਰ ਭੇਜਣ ਅਤੇ ਉੱਤਰ-ਸ਼ੀਟਾਂ ਮੰਗਵਾਉਣ ਲਈ Mock Exercise ਵੀ ਕਰ ਸਕਦੇ ਹਨ। ਵਿਦਿਆਰਥੀਆਂ ਨੂੰ ਅਪੀਲ ਹੈ ਕਿ ਇਸ ਤਰ੍ਹਾਂ ਦੀ Mock Exercise ਵਿੱਚ ਜ਼ਰੂਰ ਹਿੱਸਾ ਲੈਣ ਤਾਂ ਜੋ ਅੱਗੇ ਜਾ ਕੇ ਵਿਦਿਆਰਥੀਆਂ ਨੂੰ ਕੋਈ ਦਿੱਕਤ ਪੇਸ਼ ਨਾ ਆਵੇ।
5) ਵਿਭਾਗਾਂ/ਕਾਲਜਾਂ ਦੇ ਰੈਗੂਲਰ ਵਿਦਿਆਰਥੀ ਅਤੇ ਪ੍ਰਾਈਵੇਟ ਵਿਦਿਆਰਥੀ ਨੂੰ ਪੰਜਾਬੀ ਯੂਨੀਵਰਸਿਟੀ ਵੱਲੋਂ ਆਪਣੇ ਐਡਮਿਟ ਕਾਰਡ ਡਾਊਨਲੋਡ ਕਰਨ ਦੀ ਸੁਵਿਧਾ ਆਉਣ ਵਾਲੇ ਕੁਝ ਦਿਨਾਂ ਵਿੱਚ ਮੁਹੱਇਆ ਕਰਵਾਈ ਜਾ ਰਹੀ ਹੈ। ਪ੍ਰੀਖਿਆਵਾਂ ਲਈ ਡੇਟ-ਸ਼ੀਟ ਵਿਦਿਆਰਥੀ ਯੂਨੀਵਰਸਿਟੀ ਦੀ ਪ੍ਰੀਖਿਆ ਸ਼ਾਖਾ ਦੀ ਵੈਬਸਾਈਟ ਤੇ ਦੇਖ ਸਕਦੇ ਹਨ। ਇਹ ਪ੍ਰੀਖਿਆਵਾਂ ਦੋ

Scanned with CamScanner

ਸੈਸ਼ਨਾਂ ਵਿੱਚ ਕਰਵਾਈਆਂ ਜਾ ਸਕਦੀਆਂ ਹਨ। ਪਹਿਲਾ ਸੈਸ਼ਨ ਸਵੇਰ 09.30 ਵਜੇ ਤੋਂ ਬਾਅਦ ਦੁਪਹਿਰ 01.30 ਵਜੇ ਤੱਕ ਹੋਵੇਗਾ ਅਤੇ ਅਤੇ ਦੂਜਾ ਸੈਸ਼ਨ 02.00 ਵਜੇ ਤੋਂ ਸ਼ਾਮ 06.00 ਵਜੇ ਤੱਕ ਹੋਵੇਗਾ। ਸੈਸ਼ਨ ਸਬੰਧੀ ਜਾਣਕਾਰੀ ਡੇਟ-ਸ਼ੀਟ ਉਪਰ ਦਿੱਤੀ ਜਾਵੇਗੀ।

6) ਹਰੇਕ ਵਿਦਿਆਰਥੀ ਨੇ ਪ੍ਰਸ਼ਨ-ਪੱਤਰ ਹਲ ਕਰਨ ਲਈ A-4 (ਏ-4) ਸ਼ੀਟ ਦੇ ਵੱਧ ਤੋਂ ਵੱਧ 16 ਸ਼ੀਟਾਂ ਦੀ ਵਰਤੋਂ ਕਰਨੀ ਹੈ। ਉਮੀਦਵਾਰ ਹਰ ਪੰਨੇ ਦੇ ਇਕ ਪਾਸੇ ਹੀ ਲਿਖੇਗਾ ਅਤੇ ਨੱਥੀ ਨਮੂਨਾ ਉੱਤਰ-ਸ਼ੀਟ ਦੇ ਅਨੁਸਾਰ ਕਲਾਸ/ਰੋਲ ਨੰਬਰ/ਵਿਸ਼ਾ/ਮੀਡੀਅਮ/ਵਰਤੇ ਗਏ ਪੰਨੇ/ਮਿਤੀ ਬਾਰੇ ਲਿਖੇਗਾ ਅਤੇ ਆਪਣੇ ਦਸਤਖਤ ਕਰੇਗਾ। ਵਿਦਿਆਰਥੀ ਵੱਲੋਂ ਪੇਪਰ ਹੱਲ ਕਰਨ ਲਈ ਸਿਰਫ ਨੀਲੇ ਬਾਲ ਪੈਨ ਦੀ ਵਰਤੋਂ ਹੀ ਕੀਤੀ ਜਾਵੇ। ਵਿਦਿਆਰਥੀ ਸ਼ੀਟ ਦੇ ਪਹਿਲੇ ਪੰਨੇ ਤੇ ਵਰਤੋਂ ਵਿਚ ਲਿਆਂਦੇ ਕੁੱਲ ਪੰਨੇ ਦਰਸਾਏਗਾ। ਵਿਦਿਆਰਥੀ ਵੱਲੋਂ ਹੱਲ ਕੀਤੇ ਆਖਰੀ ਉੱਤਰ-ਸ਼ੀਟ ਤੇ ਤਸਦੀਕ ਕੀਤਾ ਜਾਵੇ ਕਿ **ਇਹ ਪੇਪਰ ਮੇਰਾ ਖੁਦ ਦਾ ਹੱਥ-ਲਿਖਤ ਹੈ**। ਵਿਦਿਆਰਥੀ ਹਰੇਕ ਪੰਨੇ ਤੇ ਕ੍ਰਮ ਅਨੁਸਾਰ ਪੰਨਾ ਨੰਬਰ ਲਿਖੇਗਾ। ਇਹ ਵੀ ਸਲਾਹ ਦਿੱਤੀ ਜਾਂਦੀ ਹੈ ਕਿ ਨਮੂਨਾ ਸ਼ੀਟ ਦੇ ਮੁਤਾਬਿਕ ਪ੍ਰੀਖਿਆ ਸ਼ੁਰੂ ਹੋਣ ਤੋਂ ਪਹਿਲਾਂ ਉੱਤਰ-ਪੰਨੇ ਦਿੱਤੇ ਗਏ ਫਾਰਮੇਟ ਦੇ ਅਨੁਸਾਰ ਤਿਆਰ ਕਰਕੇ ਰੱਖ ਲੈਣ।

7) ਹਰੇਕ ਵਿਦਿਆਰਥੀ ਵੱਲੋਂ ਪ੍ਰਸ਼ਨ-ਪੱਤਰ ਦੇ ਕੁਲ ਪ੍ਰਸ਼ਨਾਂ ਦਾ 50 ਪ੍ਰਤੀਸ਼ਤ ਪੇਪਰ ਹਲ ਕਰਨਾ ਹੋਵੇਗਾ। ਜੇਕਰ ਕੁਲ ਪ੍ਰਸ਼ਨ ਦਾ ਅੱਧ ਦਸ਼ਮਲਵਾਂ (0.5) ਵਿੱਚ ਆਉਂਦਾ ਹੈ ਤਾਂ ਇਸ ਨੂੰ ਨਜ਼ਰ-ਅੰਦਾਜ਼ ਕਰ ਦਿੱਤਾ ਜਾਵੇ। ਉਦਾਹਰਣ ਦੇ ਤੌਰ ਤੇ ਜੇਕਰ ਪ੍ਰਸ਼ਨ-ਪੱਤਰ ਵਿੱਚ ਕੁਲ ਪ੍ਰਸ਼ਨ 9 ਜਾਂ 7 ਹਨ ਤਾਂ ਕ੍ਰਮਵਾਰ 4 ਅਤੇ 3 ਪ੍ਰਸ਼ਨਾਂ ਦਾ ਜਵਾਬ ਉਮੀਦਵਾਰ ਵੱਲੋਂ ਦਿੱਤਾ ਜਾਵੇਗਾ। ਸਾਰੇ ਪ੍ਰਸ਼ਨਾਂ ਦੇ ਨੰਬਰ ਇੱਕੋ-ਜਿਹੇ ਹੋਣਗੇ। ਪ੍ਰਸ਼ਨ-ਪੱਤਰ ਦੇ ਸੈਕਸ਼ਨ ਸਬੰਧੀ ਹਦਾਇਤਾਂ ਜੇਕਰ ਕੋਈ ਹੋਵੇ, ਨਜ਼ਰ-ਅੰਦਾਜ਼ ਕਰ ਦਿੱਤੀਆਂ ਜਾਣ। ਪ੍ਰਸ਼ਨ-ਪੱਤਰ ਉੱਪਰ ਦਰਸਾਏ ਕੁਲ ਅੰਕ ਉਹੀ ਰਹਿਣਗੇ।

8) ਪੇਪਰ ਹੱਲ ਕਰਨ ਤੋਂ ਬਾਅਦ ਉਮੀਦਵਾਰ ਨਿਰਧਾਰਿਤ ਸਮੇਂ ਵਿੱਚ ਹਰ ਸ਼ੀਟ ਨੂੰ ਕ੍ਰਮ ਅਨੁਸਾਰ ਸਕੈਨ ਕਰਕੇ ਇੱਕ PDF ਫਾਈਲ ਬਣਾਏਗਾ ਅਤੇ ਇਸ ਫਾਈਲ ਨੂੰ ਵਿਭਾਗ/ਕਾਲਜ ਵਲੋਂ ਦਿੱਤੀ ਈਮੇਲ ਰਾਹੀਂ ਫਾਈਲ ਅਟੈਚ ਕਰਕੇ ਭੇਜੇਗਾ। ਜੇਕਰ ਵਿਦਿਆਰਥੀ ਕੋਲ ਅਜਿਹੇ ਸਾਧਨ ਮੌਜੂਦ ਨਹੀਂ ਹਨ ਕਿ ਉਹ ਉੱਤਰ-ਸ਼ੀਟਾਂ ਨੂੰ ਸਕੈਨ ਕਰਕੇ PDF ਬਣਾ ਕੇ ਫਾਈਲ ਭੇਜ ਸਕੇ ਤਾਂ ਉਹ ਪੰਜਾਬੀ ਯੂਨੀਵਰਸਿਟੀ ਨਾਲ ਸਬੰਧਿਤ ਨੇੜੇ ਦੇ ਵਿਭਾਗ/ਕਾਲਜ/ਕੰਸਟੀਚਿਊਟ ਕਾਲਜ/ਨੇਬਰਹੁੱਡ ਕੈਂਪਸ/ਰਿਜ਼ਨਲ ਸੈਂਟਰ ਵਿੱਚ ਆਪਣੀ ਉੱਤਰ-ਸ਼ੀਟਾਂ ਨਿਰਧਾਰਿਤ ਸਮੇਂ ਵਿੱਚ ਜਮ੍ਹਾਂ ਕਰਵਾ ਸਕਦਾ ਹੈ ਅਤੇ ਇਸ ਸਬੰਧੀ ਰਸੀਦ ਪ੍ਰਾਪਤ ਕਰਕੇ ਆਪਣੇ ਕੋਲ ਸੰਭਾਲ ਕੇ ਰੱਖਣ। ਜੇਕਰ ਪੰਜਾਬੀ ਯੂਨੀਵਰਸਿਟੀ ਨਾਲ ਸਬੰਧਿਤ ਕੋਈ ਵੀ ਕਾਲਜ ਨੇੜੇ ਨਹੀਂ ਹੈ ਤਾਂ ਵਿਦਿਆਰਥੀ ਵਲੋਂ ਆਪਣੀ ਉੱਤਰ-ਸ਼ੀਟਾਂ ਨਿਰਧਾਰਿਤ ਸਮੇਂ ਵਿੱਚ ਸਬੰਧਿਤ ਕਾਲਜ ਦੇ ਪ੍ਰਿੰਸੀਪਲ/ਵਿਭਾਗ ਦੇ ਮੁਖੀ ਨੂੰ ਰਜਿਸਟਰਡ ਡਾਕ ਜਾਂ ਸਪੀਡ ਪੋਸਟ ਰਾਹੀਂ ਭੇਜੇਗਾ।

9) ਪ੍ਰਾਈਵੇਟ ਵਿਦਿਆਰਥੀ ਆਪਣੀ ਉੱਤਰ-ਸ਼ੀਟਾਂ ਸਹਾਇਕ ਰਜਿਸਟਰਾਰ, ਸੀਕਰੇਸੀ ਬ੍ਰਾਂਚ, ਪ੍ਰੀਖਿਆ ਸ਼ਾਖਾ, ਪੰਜਾਬੀ ਯੂਨੀਵਰਸਿਟੀ, ਪਟਿਆਲਾ, 147002 ਨੂੰ ਦਸਤੀ ਜਾਂ ਰਜਿਸਟਰਡ ਡਾਕ ਜਾਂ ਸਪੀਡ ਪੋਸਟ ਰਾਹੀਂ ਭੇਜਣਗੇ। ਪ੍ਰੀਖਿਆ ਦੇ ਕੰਮਕਾਜ਼ੀ ਇੱਕ ਦਿਨ ਤੋਂ ਬਾਅਦ ਤੋਂ ਪੋਸਟ ਕੀਤੀਆਂ ਉੱਤਰ-ਕਾਪੀਆਂ ਦਾ ਮੁਲਾਂਕਣ ਨਹੀਂ ਕਰਵਾਇਆ ਜਾਵੇਗਾ।

10) ਪ੍ਰੀਖਿਆਵਾਂ ਸਬੰਧੀ ਸਮੇਂ-ਸਮੇਂ ਜਾਰੀ ਗਾਈਡਲਾਈਨਜ਼ ਲਈ ਵਿਦਿਆਰਥੀ ਆਪਣੇ ਵਿਭਾਗ/ਕਾਲਜ ਦੇ ਸੰਪਰਕ ਵਿੱਚ ਰਹਿਣਗੇ ਅਤੇ ਯੂਨੀਵਰਸਿਟੀ ਵੈਬਸਾਈਟ ਨੂੰ ਸਮੇਂ-ਸਮੇਂ ਦੇਖਣਾ ਉਨਾਂ ਲਈ ਲਾਜ਼ਮੀ ਹੋਵੇਗਾ। ਪ੍ਰਾਈਵੇਟ ਵਿਦਿਆਰਥੀ ਇਨਾਂ ਹਦਾਇਤਾਂ ਨੂੰ ਯੂਨੀਵਰਸਿਟੀ ਦੀ ਪ੍ਰੀਖਿਆ ਸ਼ਾਖਾ ਦੀ ਵੈਬਸਾਈਟ ਤੇ ਚੈੱਕ ਕਰਦੇ ਰਹਿਣ।

Scanned with CamScan

11) ਇਸ ਸੈਸ਼ਨ ਦੀਆਂ ਪ੍ਰੀਖਿਆਵਾਂ ਦੀਆਂ ਉੱਤਰ-ਕਾਪੀਆਂ ਲਈ ਪੁਨਰ-ਮੁਲਾਂਕਣ, ਰੀ-ਚੈਕਿੰਗ ਦੀ ਸੁਵਿਧਾ ਨਹੀਂ ਹੋਵੇਗੀ।

12) ਜਿਸ ਵਿਦਿਆਰਥੀ ਨੇ ਇਨਾਂ ਪ੍ਰੀਖਿਆਵਾਂ ਲਈ ਪ੍ਰੀਖਿਆ ਫ਼ੀਸ ਅਤੇ ਫ਼ਾਰਮ ਜਮ੍ਹਾਂ ਕਰਵਾਇਆ ਹੈ ਪ੍ਰੰਤੂ ਉਹ ਕੰਟੇਨਮੈਂਟ ਏਰੀਆਂ ਵਿੱਚ ਰਹਿਣ ਜਾਂ ਕੋਰੋਨਾ ਪੋਜੀਟਵ ਹੋਣ ਕਾਰਨ ਪ੍ਰੀਖਿਆ ਨਹੀਂ ਦੇ ਸਕਦਾ ਤਾਂ ਉਹ ਇਸ ਬਾਰੇ ਯੂਨੀਵਰਸਿਟੀ, ਵਿਭਾਗ ਜਾਂ ਸਬੰਧਿਤ ਕਾਲਜ ਨੂੰ ਲਿਖਤੀ ਜਾਂ ਈਮੇਲ ਰਾਹੀਂ ਪ੍ਰੀਖਿਆ ਸ਼ੁਰੂ ਹੋਣ ਤੋਂ ਪਹਿਲਾਂ ਸੂਚਿਤ ਕਰਦਾ ਹੈ ਤਾਂ ਅਜਿਹੇ ਵਿਦਿਆਰਥੀ ਅਗਲੀਆਂ ਹੋਣ ਵਾਲੀਆਂ ਪ੍ਰੀਖਿਆਵਾਂ ਵਿੱਚ ਬੈਠ ਸਕਦੇ ਹਨ।

13) ਉੱਤਰ-ਸ਼ੀਟ ਦੀ ਨਮੂਨਾ ਕਾਪੀ ਨਾਲ ਨੱਥੀ ਹੈ।

14) ਪ੍ਰੈਕਟੀਕਲ ਪ੍ਰੀਖਿਆਵਾਂ ਥਿਊਰੀ ਪ੍ਰੀਖਿਆਵਾਂ ਤੋਂ ਬਾਅਦ ਵਿੱਚ ਕਰਵਾਈਆਂ ਜਾਣਗੀਆਂ। ਇਹ ਪ੍ਰੀਖਿਆਵਾਂ ਵਿਭਾਗਾਂ/ਕਾਲਜਾਂ ਦੇ ਮੁਖੀ/ਪ੍ਰਿੰਸੀਪਲ ਦੁਆਰਾ ਆਪਣੇ ਪੱਧਰ ਤੇ ਕਰਵਾਉਣਗੇ।

15) ਪ੍ਰੀਖਿਆਵਾਂ ਸਬੰਧੀ ਵਿਦਿਆਰਥੀ ਆਪਣੇ ਵਿਭਾਗ ਮੁਖੀ/ਕਾਲਜ ਪ੍ਰਿੰਸੀਪਲ ਦੇ ਸੰਪਰਕ ਵਿੱਚ ਰਹਿਣ ਅਤੇ ਯੂਨੀਵਰਸਿਟੀ ਵੈਬਸਾਈਟ ਸਮੇਂ-ਸਮੇਂ ਸਿਰ ਚੈੱਕ ਕਰਦੇ ਰਹਿਣੇ

**ਕੰਟਰੋਲਰ (ਪ੍ਰੀਖਿਆਵਾਂ)** 22/3/21

ਕੰਟਰੋਲਰ (ਪਰੀਖਿਆਵਾਂ)
ਪੰਜਾਬੀ ਯੂਨੀਵਰਸਿਟੀ,
ਪਟਿਆਲਾ

Scanned with CamScanner

ਕਲਾਸ........................ਰੋਲ ਨੰ: ਸ਼ਬਦਾਂ ਵਿੱਚ ........................... ਅੱਖਰਾਂ ਵਿੱਚ.........................................

ਵਿਸ਼ਾ...............................ਪੇਪਰ/ਆਪਸ਼ਨ.................................................ਮੀਡੀਅਮ.......................

ਮਿਤੀ.......................ਵਰਤੇ ਗਏ ਕੁਲ ਪੰਨੇ.............. ਵਿਦਿਆਰਥੀ ਦੇ ਦਸਤਖਤ.........................................

Scanned with CamScanner